# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 30-04-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪ੍ਰਧਾਨਗੀ ਹੇਠ ਕੇਂਦਰੀ ਮੰਤਰੀ ਮੰਡਲ ਦੀ ਮੀਟਿੰਗ ਨਵੀਂ ਦਿੱਲੀ ਵਿੱਚ ਚੱਲ ਰਹੀ ਏ। ਪਹਿਲਗਾਮ ਦਹਿਸ਼ਤਗਰਦੀ ਹਮਲੇ ਤੋਂ ਬਾਅਦ ਇਹ ਪਹਿਲੀ ਕੈਬਨਿਟ ਮੀਟਿੰਗ ਏ। ਅੱਜ ਕੈਬਨਿਟ ਦੀ ਸੁਰੱਖਿਆ ਕਮੇਟੀ ਦੀ ਮੀਟਿੰਗ ਵੀ ਹੋ ਸਕਦੀ ਏ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਪੱਸ਼ਟ ਤੌਰ 'ਤੇ ਕਿਹਾ ਏ ਕਿ ਸੂਬੇ ਕੋਲ ਦੂਜੇ ਸੂਬਿਆਂ ਨਾਲ ਸਾਂਝਾ ਕਰਨ ਲਈ ਇੱਕ ਵੀ ਬੂੰਦ ਪਾਣੀ ਨਹੀਂ ਏ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਮਨੁੱਖੀ ਆਧਾਰ 'ਤੇ ਹਰਿਆਣਾ ਨੂੰ 4 ਹਜ਼ਾਰ ਕਿਊਸਿਕ ਪਾਣੀ ਦੇ ਚੁੱਕਾ ਏ ਤਾਂ ਜੋ ਉਨ੍ਹਾਂ ਦੀਆਂ ਪੀਣ ਵਾਲੇ ਪਾਣੀ ਦੀਆਂ ਜ਼ਰੂਰਤਾਂ ਪੂਰੀਆਂ ਕੀਤੀਆਂ ਜਾ ਸਕਣ । ਸ਼੍ਰੀ ਮਾਨ ਨੇ ਕਿਹਾ ਕਿ ਸੂਬੇ ਵਿੱਚ ਪਾਣੀ ਦੀ ਸਥਿਤੀ ਪਹਿਲਾਂ ਹੀ ਬਹੁਤ

ਖਰਾਬ ਏ। ਇੱਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਹਰਿਆਣਾ ਇਸ ਸਾਲ ਮਾਰਚ ਮਹੀਨੇ ਵਿੱਚ ਆਪਣੇ ਹਿੱਸੇ ਦਾ ਸਾਰਾ ਪਾਣੀ ਵਰਤ ਚੁੱਕਾ ਏ, ਜਿਸ ਕਾਰਨ ਉਹ ਹੁਣ ਪੰਜਾਬ ਤੋਂ ਹੋਰ ਪਾਣੀ ਹੜੱਪਣ ਦੀ ਕੋਸ਼ਿਸ਼ ਕਰ ਰਿਹੈ। ਇਸ ਦੌਰਾਨ, ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼੍ਰੀ ਮਾਨ ਦੇ ਬਿਆਨ 'ਤੇ ਹੈਰਾਨੀ ਪ੍ਰਗਟ ਕਰਦੇ ਹੋਏ ਕਿਹਾ ਕਿ 26 ਅਪ੍ਰੈਲ ਨੂੰ ਉਨ੍ਹਾਂ ਨੇ ਭਗਵੰਤ ਸਿੰਘ ਮਾਨ ਨੂੰ ਨਿੱਜੀ ਤੌਰ 'ਤੇ ਫੋਨ 'ਤੇ ਸੂਚਿਤ ਕੀਤਾ ਸੀ ਕਿ ਬੀ.ਬੀ.ਐਮ.ਬੀ. ਨੇ ਹਰਿਆਣਾ ਨੂੰ ਪਾਣੀ ਛੱਡਣ ਦਾ ਫੈਸਲਾ ਕੀਤਾ ਏ, ਪਰ ਪੰਜਾਬ ਦੇ ਅਧਿਕਾਰੀ ਇਸ ਫੈਸਲੇ ਨੂੰ ਲਾਗੂ ਕਰਨ ਤੋਂ ਝਿਜਕ ਰਹੇ ਸਨ। ਉਸ ਸਮੇਂ ਪੰਜਾਬ ਦੇ ਮੁੱਖ ਮੰਤਰੀ ਨੇ ਉਨ੍ਹਾਂ ਨੂੰ ਸਪੱਸ਼ਟ ਤੌਰ 'ਤੇ ਭਰੋਸਾ ਦਿੱਤਾ ਸੀ ਕਿ ਉਹ ਅਗਲੀ ਸਵੇਰ ਤੱਕ ਆਪਣੇ ਅਧਿਕਾਰੀਆਂ ਨੂੰ ਫੈਸਲਾ ਤੁਰੰਤ ਲਾਗੂ ਕਰਨ ਦੇ ਨਿਰਦੇਸ਼ ਦੇਣਗੇ। ਸ਼੍ਰੀ ਸੈਣੀ ਨੇ ਕਿਹਾ ਕਿ ਸ਼੍ਰੀ ਮਾਨ ਨੂੰ ਪੱਤਰ ਲਿਖਣ ਤੋਂ ਬਾਅਦ ਪੰਜਾਬ ਦੇ ਅਧਿਕਾਰੀਆਂ ਨੇ ਕੋਈ ਜਵਾਬ ਨਹੀਂ ਦਿੱਤਾ। ਓਧਰ ਕੇਂਦਰੀ ਰੇਲਵੇ ਅਤੇ ਫੂਡ ਪ੍ਰੋਸੈਸਿੰਗ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਨੇ ਵੀ ਪੰਜਾਬ ਦੇ ਮੁੱਖ ਮੰਤਰੀ ਵੱਲੋਂ ਹਰਿਆਣਾ ਨਾਲ ਅਜਿਹੇ ਸਮੇਂ ਪਾਣੀ

ਵਿਵਾਦ ਉਠਾਉਣ ਦੀ ਨਿਖੇਧੀ ਕੀਤੀ ਏ, ਜਦੋਂ ਦੇਸ਼ ਪਾਕਿਸਤਾਨ ਦੀ ਸ਼ਹਿ ਪ੍ਰਾਪਤ ਦਹਿਸ਼ਤਗਰਦੀ ਦਾ ਸਾਹਮਣਾ ਕਰ ਰਿਹਾ ਏ। ਇਸ ਨੂੰ ਸ਼ਰਮਨਾਕ ਕਾਰਵਾਈ ਦੱਸਦਿਆਂ, ਉਨ੍ਹਾਂ ਕਿਹਾ ਕਿ ਭਾਵੇਂ ਪੰਜਾਬਦਾ ਆਪਣੇ ਹਿਸੇ ਦੇ ਦਰਿਆਈ ਪਾਣੀਆਂ 'ਤੇ ਪੂਰਾ ਹੱਕ ਏ, ਪਰ ਇਹ ਮੰਦਭਾਗਾ ਏ ਕਿ ਭਗਵੰਤ ਸਿੰਘ ਮਾਨ ਨੇ ਰਾਜਾਂ ਨੂੰ ਵੰਡਣ ਅਤੇ ਰਾਸ਼ਟਰੀ ਹਿੱਤਾਂ 'ਤੇ ਛੋਟੀ ਰਾਜਨੀਤੀ ਕਰਨ ਲਈ ਇਹ ਸਮਾਂ ਚੁਣਐ।

-----------------------------------------------------

ਪੰਜਾਬ ਸਰਕਾਰ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੌਰਾਨ ਨਸ਼ਾ ਮਾਫੀਆ ਖਿਲਾਫ਼ ਕਾਰਵਾਈ ਜਾਰੀ ਰੱਖਦਿਆਂ, ਪੰਜਾਬ ਪੁਲਿਸ ਨੇ ਸਥਾਨਕ ਪ੍ਰਸ਼ਾਸਨ ਦੀ ਸਹਾਇਤਾ ਨਾਲ ਅੰਮ੍ਰਿਤਸਰ ਅਤੇ ਪਟਿਆਲਾ ਜ਼ਿਲ੍ਹਿਆਂ 'ਚ ਦੋ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਢਾਹ ਦਿੱਤੀਆਂ ਨੇ। ਅੰਮ੍ਰਿਤਸਰ ਦੇ ਪਿੰਡ ਮੋਦੇ ਵਿਖੇ ਨਸ਼ਾ ਤਸਕਰ ਰਣਜੀਤ ਸਿੰਘ ਦੇ ਘਰ ਨੂੰ ਬੁਲਡੋਜ਼ਰ ਨਾਲ ਢਾਹ ਦਿੱਤਾ ਗਿਆ। ਇਸ ਮੌਕੇ ਪੁਲਿਸ ਸੁਪਰਡੈਂਟ (ਇਨਵੈਸਟੀਗੇਸ਼ਨ) ਅੰਮ੍ਰਿਤਸਰ ਆਦਿਤਿਆ ਵਾਰੀਅਰ ਨੇ ਦੱਸਿਆ ਕਿ ਰਣਜੀਤ ਸਿੰਘ ਦਾ ਅਪਰਾਧਿਕ ਪਿਛੋਕੜ ਏ ਅਤੇ ਉਸ ਦੇ ਖਿਲਾਫ

ਅੰਮ੍ਰਿਤਸਰ ਅਤੇ ਲੁਧਿਆਣਾ ਸਮੇਤ ਵੱਖ-ਵੱਖ ਜ਼ਿਲ੍ਹਿਆਂ ਵਿੱਚ ਮਾਮਲੇ ਦਰਜ ਨੇ। ਇਸੇ ਤਰ੍ਹਾਂ ਪਟਿਆਲਾ ਵਿੱਚ, ਜ਼ਿਲ੍ਹਾ ਪੁਲਿਸ ਨੇ ਨਗਰ ਨਿਗਮ ਪਟਿਆਲਾ ਦੇ ਸਹਿਯੋਗ ਨਾਲ, ਨਸ਼ਾ ਤਸਕਰ ਗੁਰਤੇਜ ਸਿੰਘ ਉਰਫ਼ ਬੰਟੀ ਦੇ ਪਰਿਵਾਰਕ ਮੈਂਬਰ ਦੁਆਰਾ ਨਗਰ ਨਿਗਮ ਦੀ ਪ੍ਰਵਾਨਗੀ ਤੋਂ ਬਿਨਾਂ ਰਿਹਾਇਸ਼ੀ ਪਲਾਟਾਂ 'ਤੇ ਗੈਰ-ਕਾਨੂੰਨੀ ਤੌਰ 'ਤੇ ਬਣਾਈਆਂ ਚਾਰ ਵਪਾਰਕ ਦੁਕਾਨਾਂ ਨੂੰ ਢਾਹ ਦਿੱਤਾ ਏ। ਇਸ ਕਾਰਵਾਈ ਦੀ ਨਿਗਰਾਨੀ ਕਰਨ ਵਾਲੇ ਐਸਪੀ ਸਿਟੀ ਪਲਵਿੰਦਰ ਸਿੰਘ ਚੀਮਾ ਨੇ ਕਿਹਾ ਕਿ ਗੁਰਤੇਜ ਸਿੰਘ ਐਨਡੀਪੀਐਸ ਐਕਟ ਤਹਿਤ ਦੋ ਅਪਰਾਧਿਕ ਮਾਮਲਿਆਂ ਦਾ ਸਾਹਮਣਾ ਕਰ ਰਿਹਾ ਏ।

-----------------------------------------------------------

ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਐਸ.ਏ.ਐਸ. ਨਗਰ **(ਮੁਹਾਲੀ)** ਦੇ 26 ਕੈਡਿਟਾਂ ਨੇ ਐਨ.ਡੀ.ਏ.-155 ਕੋਰਸ ਲਈ ਨੈਸ਼ਨਲ ਡਿਫੈਂਸ ਅਕੈਡਮੀ **(ਐਨ.ਡੀ.ਏ.) (1)** ਦੀ ਲਿਖਤੀ ਪ੍ਰੀਖਿਆ ਪਾਸ ਕਰ ਲਈ ਏ। ਯੂ.ਪੀ.ਐਸ.ਸੀ. ਵੱਲੋਂ ਇਸ ਦਾ ਨਤੀਜਾ ਐਲਾਨਿਆ ਗਿਆ ਏ। ਇਹ ਕੋਰਸ

ਦਸੰਬਰ 2025 ਵਿੱਚ ਸ਼ੁਰੂ ਹੋਵੇਗਾ। ਕੈਡਿਟਾਂ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਇਹ ਕੈਡਿਟ ਪੰਜਾਬ ਦਾ ਮਾਣ ਨੇ । ਐਨਡੀਏ ਪ੍ਰੀਖਿਆ ਦੇ ਨਤੀਜਿਆਂ ’ਤੇ ਸੰਤੁਸ਼ਟੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐਚ ਚੌਹਾਨ, ਨੇ ਕਿਹਾ ਕਿ ਇਹ ਕੈਡਿਟ ਜਲਦ ਹੀ ਆਪਣਾ ਐਸ.ਐਸ.ਬੀ. ਇੰਟਰਵਿਊ ਦੇਣਗੇ। ਉਨ੍ਹਾਂ ਦੱਸਿਆ ਇਸ ਸੰਸਥਾ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ 170 ਕੈਡਿਟ ਰੱਖਿਆ ਸੇਵਾਵਾਂ ਵਿੱਚ ਕਮਿਸ਼ਨਡ ਅਫਸਰ ਬਣੇ ਨੇ ।

---------------------------------------------------------------

ਡਾ. ਸੁਖਚੈਨ ਗੋਗੀ ਨੇ ਚੰਡੀਗੜ੍ਹ ਦੇ ਸੈਕਟਰ-33ਡੀ ਸਥਿਤ ਪੇਡਾ ਕੰਪਲੈਕਸ ਵਿਖੇ ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਦੇ ਚੇਅਰਪਰਸਨ ਵਜੋਂ ਅਹੁਦਾ ਸੰਭਾਲ ਲਿਆ ਏ। ਨਵੇਂ ਚੇਅਰਪਰਸਨ ਨੂੰ ਵਧਾਈ ਦਿੰਦਿਆਂ ਪੰਜਾਬ ਦੇ ਨਵੀਂ ਅਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਨਵਿਆਉਣਯੋਗ ਊਰਜਾ ਭਵਿੱਖ ਏ ਅਤੇ ਕੁਦਰਤੀ ਊਰਜਾ ਦੀ ਵੱਧ ਤੋਂ ਵੱਧ ਵਰਤੋਂ ਨੂੰ ਯਕੀਨੀ ਬਣਾਉਣ

ਲਈ ਨਵਿਆਉਣਯੋਗ ਬੁਨਿਆਦੀ ਢਾਂਚੇ ਦਾ ਵਿਸਥਾਰ ਕਰਨਾ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਏ। ਉਨ੍ਹਾਂ ਕਿਹਾ ਕਿ ਡਾ. ਸੁਖਚੈਨ ਗੋਗੀ ਦੀ ਪੇਡਾ ਦੇ ਚੇਅਰਪਰਸਨ ਵਜੋਂ ਨਿਯੁਕਤੀ ਨਾਲ ਸਾਡੀ ਟੀਮ ਮੁਕੰਮਲ ਹੋ ਗਈ ਏ ਅਤੇ ਹੁਣ ਅਸੀਂ ਨਵਿਆਉਣਯੋਗ ਖੇਤਰ ਦੇ ਪ੍ਰਚਾਰ ਅਤੇ ਵਿਕਾਸ ਲਈ ਹੋਰ ਜ਼ੋਰਦਾਰ ਢੰਗ ਨਾਲ ਕੰਮ ਕਰਾਂਗੇ।

------------------------------------------------------------

ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਗਠਿਤ ਨਸ਼ਾ ਮੁਕਤੀ ਮੋਰਚਾ ਦੇ ਮਾਲਵਾ ਸੈਂਟਰਲ ਦੇ ਜ਼ੋਨਲ ਕੋਆਰਡੀਨੇਟਰ ਸੁਖਜੀਤ ਸਿੰਘ ਢਿੱਲਵਾਂ ਨੇ ਫਤਹਿਗੜ੍ਹ ਸਾਹਿਬ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਉਹਨਾਂ ਦੱਸਿਆ ਕਿ ਨਸ਼ਿਆਂ ਦੇ ਖਾਤਮੇ ਨੂੰ ਲੈ ਕੇ ਪਿੰਡਾਂ ਵਿੱਚ ਡਿਫੈਂਸ ਵਿਲੇਜ ਕਮੇਟੀਆਂ ਦਾ ਗਠਨ ਕੀਤਾ ਗਿਆ ਏ, ਜਿਨ੍ਹਾਂ ਵਿੱਚ ਸੇਵਾਮੁਕਤ ਅਧਿਆਪਕਾਂ, ਡਾਕਟਰਾਂ ਤੇ ਮੋਹਤਬਰ ਸ਼ਖ਼ਸੀਅਤਾਂ ਨੂੰ ਸ਼ਾਮਿਲ ਕੀਤਾ ਜਾਵੇਗਾ। ਇਹ ਨੌਜਵਾਨਾਂ ਨੂੰ ਨਸ਼ੇ ਛੱਡਣ ਲਈ ਪ੍ਰੇਰਿਤ ਕਰਨ ਦੇ ਨਾਲ-ਨਾਲ ਕਿੱਤਾ ਮੁਖੀ ਕੋਰਸ ਅਪਣਾਉਣ ਬਾਰੇ ਪ੍ਰੇਰਿਤ ਕਰਨਗੇ। ਇਸ ਦੇ ਨਾਲ ਹੀ ਪਿੰਡਾਂ ਵਿੱਚ

ਵਧੀਆ ਖੇਡ ਮੈਦਾਨ ਵੀ ਬਣਾਏ ਜਾਣਗੇ ਤਾਂ ਜੋ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਕੀਤਾ ਜਾ ਸਕੇ। ਉਹਨਾਂ ਦੱਸਿਆ ਕਿ ਇਸ ਮੁਹਿੰਮ ਵਿੱਚ ਨਸ਼ਾ ਛੱਡ ਚੁੱਕੇ ਤੇ ਹੋਰਨਾਂ ਨੂੰ ਪ੍ਰੇਰਿਤ ਕਰਨ ਵਾਲੇ ਹੀਰੋਜ਼ ਨੂੰ ਵੀ ਸ਼ਾਮਿਲ ਕੀਤਾ ਜਾਵੇਗਾ ।